I/28862/2020

1*ਜ਼ਿਲਾ ਲੋਕ ਸੰਪਰਕ ਦਫਤਰ, ਗੁਰਦਾਸਪੁਰ।

ਲਾਕਡਾਊਨ ਵਿਚ ਕੋਆਪ੍ਰੇਟਿਵ ਬੈਂਕ ਵੱਲੋਂ ਜ਼ਿਲੇ ਵਿੱਚ ਬੈਂਕਿੰਗ ਸੇਵਾਵਾਂ ਪ੍ਰਦਾਨ ਕਰਨ ਲਈ ਮੋਬਾਇਲ ਏਟੀਐਮ ਵੈਨ ਰੋਜ਼ਾਨਾ ਚਲਾਈ ਜਾ ਰਹੀ ਹੈ

ਗੁਰਦਾਸਪੁਰ, 29 ਮਈ (           ) ਕੋਆਪ੍ਰੇਟਿਵ ਮਹਿਕਮੇ ਦੇ ਡਿਪਟੀ ਰਜਿਸਟਰਾਰ ਸ੍ਰੀ ਬਲਵਿੰਦਰ ਸਿੰਘ ਅਤੇ ਕੋਆਪ੍ਰੇਟਿਵ ਬੈਂਕ ਦੇ ਪ੍ਰਬੰਧ ਨਿਰਦੇਸ਼ਕ ਸ੍ਰੀ ਅਮਨਦੀਪ ਬਰਾੜ ਅਤੇ ਜ਼ਿਲਾ ਮੈਨੇਜਰ ਸ੍ਰੀਮਤੀ ਕਵਿਤਾ ਬੇਦੀ ਵੱਲੋਂ ਦੱਸਿਆ ਗਿਆ ਕਿ ਸ. ਸੁਖਜਿੰਦਰ ਸਿੰਘ ਰੰਧਾਵਾ ਸਹਿਕਾਰਤਾ ਮੰਤਰੀ ਪੰਜਾਬ ਦੇ ਦਿਸ਼ਾ-ਨਿਰਦੇਸ਼ਾਂ ਤਹਿਤ ਲੋਕਾਂ ਨੂੰ  ਜ਼ਿਲ•ੇ ਵਿੱਚ ਬੈਂਕਿੰਗ ਸੇਵਾਵਾਂ ਪ੍ਰਦਾਨ ਕਰਨ ਲਈ ਮੋਬਾਇਲ ਏਟੀਐਮ ਵੈਨ ਰੋਜ਼ਾਨਾ ਚਲਾਈ ਜਾ ਰਹੀ ਹੈ, ਜਿਸ ਵਿੱਚ ਸਫਾਈ ਦੀ ਉਚਿਤ ਸਹੂਲਤ ਹੁੰਦੀ ਹੈ ਅਤੇ ਸੋਸ਼ਲ ਡਿਸਟੈਂਸ ਦਾ ਖ਼ਾਸ ਤੌਰ ਤੇ ਧਿਆਨ ਰੱਖਿਆ ਜਾਂਦਾ ਹੈ।

ਉਨਾਂ ਅੱਗੇ ਦੱਸਿਆ ਕਿ ਇਸੇ ਤਹਿਤ ਮੋਬਾਈਲ ਏ ਟੀ ਐੱਮ ਵੈਨ ਵੱਲੋਂ ਅੱਜ ਰੁਡਿਆਣਾ ਅਤੇ ਕਲਾਨੌਰ ਪਿੰਡ ਵਿੱਚ ਜਾ ਕੇ ਲੋਕਾਂ ਨੂੰ ਬੈਂਕਿੰਗ ਸੇਵਾਵਾਂ ਪ੍ਰਦਾਨ ਕੀਤੀਆਂ ਗਈਆਂ ।ਉਨਾਂ ਦੱਸਿਆ ਕਿ ਸਹਿਕਾਰਤਾ ਵਿਭਾਗ ਵਲੋਂ ਲਾਕਡਾਊਨ ਵਿਚ ਨਿਰੰਤਰ ਲੋਕਹਿੱਤ ਲਈ ਉਪਰਾਲੇ ਕੀਤੇ ਗਏ ਹਨ ਅਤੇ ਪੈਸੇ ਸਬੰਧੀ ਲੋਕਾਂ ਨੂੰ ਕੋਈ ਮੁਸ਼ਕਿਲ ਨਾ ਆਵੇ , ਮੋਬਾਇਲ ਏ.ਟੀ.ਐਮ ਸੇਵਾਵਾਂ ਮੁਹੱਈਆ ਕਰਵਾਈਆਂ ਗਈਆਂ ਹਨ।

ਇਸ ਮੌਕੇ ਲੋਕਾਂ ਗੱਲਬਾਤ ਦੌਕਾਨ ਦੱਸਿਆ ਕਿ ਸਹਿਕਾਰਤ ਵਿਭਾਗ ਵਲੋਂ ਲਾਕਡਾਊਨ ਵਿਚ ਉਨਾਂ ਦੀ ਮੁਸ਼ਕਿਲ ਨੂੰ ਧਿਆਨ ਵਿਚ ਰੱਖਦਿਆਂ ਉਨਾਂ ਦੇ ਘਰਾਂ ਤਕ ਏਟੀਐਮ ਮੋਬਾਇਲ ਵੈਨਾਂ ਭੇਜੀਆਂ , ਜਿਸ ਨਾਲ ਉਨਾਂ ਨੂੰ ਪੈਸੇ ਦੇ ਲੈਣ ਦੇਣ ਸਬੰਧੀ ਕੋਈ ਮੁਸ਼ਕਿਲ ਪੇਸ਼ ਨਹੀਂ ਆਈ ਹੈ।

-------------

I/28876/2020

2*ਜ਼ਿਲਾ ਲੋਕ ਸੰਪਰਕ ਦਫਤਰ, ਗੁਰਦਾਸਪੁਰ।

ਕੋਵਿਡ 19 ਦੇ ਸਬੰਧ ਵਿੱਚ ਬਿਊਟੀ ਪਾਰਲਰ ਅਤੇ ਸੈਲੂਨਜ਼ ਸਿਹਤ ਵਿਭਾਗ ਵਲੋਂ ਜਾਰੀ ਹਦਾਇਤਾਂ ਦੀ ਪਾਲਣਾ ਕਰਨ ਨੂੰ ਯਕੀਨੀ ਬਣਾਉਣ-ਸਿਵਲ ਸਰਜਨ

ਗੁਰਦਾਸਪੁਰ, 29 ਮਈ ( ) ਸਿਵਲ ਸਰਜਨ ਡਾ.ਕਿਸ਼ਨ ਚੰਦ ਨੇ ਬਿਊਟੀ ਪਾਰਲਰ ਅਤੇ ਸੈਲੂਨਜ਼ ਮਾਲਕਾਂ ਨੂੰ ਕੋਵਿਡ-19 ਦੇ ਸਬੰਧ ਵਿੱਚ ਵਿਸ਼ੇਸ ਹਦਾਇਤਾਂ ਜਾਰੀ ਕੀਤੀਆਂ । ਡਾ.ਕਿਸ਼ਨ ਚੰਦ ਨੇ ਦੱਸਿਆ ਕਿ ਕੋਰੋਨਾ ਵਾਇਰਸ ਇੱਕ ਛੂਤ ਦੀ ਬਿਮਾਰੀ ਹੈ ।ਜਿਹੜੀ ਕੀ ਮਨੁੱਖ ਦੇ ਸਾਹ ਰਾਹੀਂ ਛਿੱਕ ਰਾਹੀਂ ਤੇ ਖੰਘ ਰਾਹੀ ਅਤੇ ਦੂਸ਼ਿਤ ਵਸਤਾਂ ਤੋਂ ਫੈਲਦੀ ਹੈ।ਇਹ ਦੂਸ਼ਿਤ ਮਨੁੱਖ ਤੋਂ ਇੱਕ ਦੂਸਰੇ ਨੂੰ ਛੂਹਣ ਨਾਲ ਵੀ ਫੈਲਦੀ ਹੈ।

ਉਨਾਂ ਦੱਸਿਆ ਕਿ ਦੂਸ਼ਿਤ ਹੱਥਾਂ ਦੇ ਮੂੰਹ, ਨੱਕ ਅਤੇ ਅੱਖਾਂ ਦੇ ਲੱਗਣ ਨਾਲ ਵੀ ਫੈਲਦੀ ਹੈ।ਇਸ ਦੇ ਕੀਟਾਣੂ ਬੜੀ ਆਸਾਨੀ ਨਾਲ ਦਵਾਈਆਂ ਦੇ ਛਿੜਕਾਅ ਨਾਲ ਖਤਮ ਹੋ ਜਾਂਦੇ ਹਨ।ਇਸ ਮਹਾਂਮਾਰੀ ਸਬੰਧੀ ਸਹੀ ਜਾਣਕਾਰੀ ਹੀ ਇਸਦਾ ਬਚਾਅ ਹੈ।ਇਸ ਬਿਮਾਰੀ ਨੂੰ ਕੰਟਰੋਲ ਕਰਨ ਲਈ ਬਿਊਟੀ ਪਾਰਲਰ ਅਤੇ ਸੈਲੂਨਜ਼ ਮਾਲਕਾਂ ਨੂੰ ਕਿਹਾ ਕਿ ਸਿਹਤ ਵਿਭਾਗ ਵੱਲੋਂ ਜਾਰੀ ਹਦਾਇਤਾਂ ਦੀ ਪਾਲਣਾ ਕਰਨਾ ਅਤਿ ਜਰੂਰੀ ਹੈ।ਪਾਰਲਰ /ਸੈਲੂਨਜ਼ ਮਾਲਕ ਯਕੀਨੀ ਬਣਾਏਗਾ ਨਾ ਤਾਂ ਉਸਨੂੰ ਅਤੇ ਨਾ ਹੀ ਉਸਦੇ ਕਿਸੇ ਸਟਾਫ ਨੂੰ ਖੰਘ,ਬੁਖਾਰ ਜਾ ਸਾਹ ਲੈਣ ਦੀ ਤਕਲੀਫ ਹੈ।ਅਗਰ ਕਿਸੇ ਨੂੰ ਵੀ ਇਹ ਲੱਛਣ ਹਨ ਤਾਂ ਉਹ ਦੁਕਾਨ ਤੇ ਹਾਜ਼ਰ ਨਹੀ ਹੋਵੇਗਾ।ਆਪਣਾ ਇਲਾਜ ਘਰ ਰਹਿ ਕੇ ਕਰਵਾਏਗਾ।ਜੇਕਰ ਗਾਹਕ ਨੂੰ ਕੋਈ ਤਕਲੀਫ ਹੈ ਤਾਂ ਉਸ ਗਾਹਕ ਨੂੰ ਅਟੈਂਡ ਨਾ ਕੀਤਾ ਜਾਵੇ।ਦੁਕਾਨ ਤੇ ਭੀੜ ਇੱਕਠੀ ਨਾ ਹੋਣ ਦਿੱਤੀ ਜਾਵੇ। ਜਿੱਥੇ ਤੱਕ ਸੰਭਵ ਹੋਵੇ ਗਾਹਕ ਇੱਕਲਾ ਹੀ ਆਵੇ।

ਉਨਾਂ ਕਿਹਾ ਕਿ ਵਰਤੋਂ ਵਿੱਚ ਆਉਣ ਵਾਲੇ ਔਜਾਰ ਜਿਵੇ ਕੈਂਚੀ, ਉਸਤਰਾ, ਕੰਘੀ, ਸਟੂਲਜ਼ ਨੂੰ ਵਰਤੋਂ ਤੋਂ ਬਾਅਦ 1 ਪ੍ਰਤੀਸ਼ਤ ਸੋਡੀਅਮ ਹਾਈਪੋਕਲੋਰਾਈਡ ਨਾਲ ਸਾਫ ਕੀਤਾ ਜਾਵੇ।ਕੰਮ ਦੋਰਾਨ ਵਰਤੇ ਜਾਣ ਵਾਲੇ ਕੱਪੜੇ,ਤੋਲੀਏ ਅਤੇ ਸਬੰਧਤ ਚੀਜ਼ਾ ਨੂੰ ਨਿਯਮਿਤ ਤੋਰ ਤੇ ਸਾਫ ਕੀਤਾ ਜਾਵੇ ਅਤੇ ਧੋਤਾ ਜਾਵੇ।ਹਰ ਗਾਹਕ ਵਾਸਤੇ ਕੱਪੜਾ, ਤੋਲੀਆ ਆਦਿ ਅਲੱਗ ਵਰਤਿਆ ਜਾਵੇ।

---------------

I/28889/2020

3*ਜਿਲਾ ਲੋਕ ਸੰਪਰਕ ਦਫਤਰ, ਗੁਰਦਾਸਪੁਰ।

ਚਾਈਲਡ ਲਾਈਨ ਟੀਮ 1098 ਵਲੋਂ ਬੇਸਹਾਰਾ ਅਤੇ ਲੋੜਵੰਦ 30 ਪਰਿਵਾਰਾਂ ਨੂੰ ਰਾਸ਼ਨ ਦੀਆਂ ਕਿੱਟਾਂ ਵੰਡੀਆਂ

ਗੁਰਦਾਸਪੁਰ, 29 ਮਈ ( ) ਚਾਈਲਡ ਲਾਈਨ ਟੀਮ 1098 ਗੁਰਦਾਸਪੁਰ ਵਲੋਂ ਪ੍ਰੋਜੈਕਟ ਡਾਇਰੈਕਟਰ ਰੋਮੇਸ਼ ਮਾਹਜਨ ਨੈਸ਼ਨਲ ਐਵਾਰਡੀ ਦੀ ਯੋਗ ਅਗਵਾਈ ਹੇਠ ਵੱਖ ਵੱਖ ਸਲੱਮ ਏਰੀਆ ਵਿਖੇ ਬੇਸਹਾਰਾ ਅਤੇ ਲੋੜਵੰਦ 30 ਪਰਿਵਾਰਾਂ ਨੂੰ ਰਾਸ਼ਨ ਦੀਆਂ ਕਿੱਟਾਂ ਵੰਡੀਆਂ ਗਈਆਂ।

ਇਸ ਮੌਕੇ ਪ੍ਰੋਜੈਕਟ ਕੋਆਰਡੀਨੇਟਰ ਸ੍ਰੀ ਵਰਿੰਦਰ ਸਿੰਘ ਸੈਣੀ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਕੋਰੋਨਾ ਵਾਇਰਸ ਦੀ ਬਿਮਾਰੀ ਦੋਰਾਨ ਸ੍ਰਈ ਰੋਮੋਸ ਮਹਾਜਨ ਦੀ ਅਗਵਾਈ ਹੇਠ ਲਗਾਤਾਰ ਲੋੜਵੰਦ ਲੋਕਾਂ ਨੂੰ ਰਾਸ਼ਨ ਵੰਡਿਆਂ ਜਾ ਰਿਹਾ ਹੈ ਅਤੇ ਕੋਵਿਡ 19 ਬਾਰੇ ਪਰਿਵਾਰਾਂ ਨੂੰ ਜਾਗਰੂਕ ਵੀ ਕੀਤਾ ਗਿਆ।

ਉਨਾਂ ਦੱਸਿਆ ਕਿ ਲੋਕਾਂ ਨੂੰ ਕੋਰੋਨਾ ਵਾਇਰਸ ਦੇ ਬਚਾਅ ਲਈ ਵਰਤੀਆਂ ਜਾਣ ਵਾਲੀਆਂ ਸਾਵਧਾਨੀਆਂ ਜਿਵੇਂ ਕਿ ਸਮਾਜਿਕ ਦੂਰੀ ਰੱਖਣਾ, ਮਾਸਕ ਪਹਿਨਣਾ , ਵਾਰ-ਵਾਰ ਹੱਥ ਧੋਣਾ ਅਤੇ ਭੀੜ ਵਾਲੀਆਂ ਜਗ•ਾ ਤੇ ਨਾ ਜਾਣਾ ਅਦਿ ਬਾਰੇ ਜਾਣੂ ਕਰਵਾਇਆ। ਇਸ ਮੌਕੇ 30 ਪਰਿਵਾਰਾਂ ਨੂੰ ਮਾਸਕ ਅਤੇ ਸਾਬਨ ਦਿੱਤਾ ਗਿਆ।

ਇਸ ਮੌਕੇ ਸ. ਰਵੈਲ ਸਿੰਘ, ਸਮੂਹ ਚਾਈਲਡ ਲਾਈਨ ਸਟਾਫ ਅਤੇ ਸਮੂਹ ਰੈੱਡ ਕਰਾਸ ਡਰੱਗ ਡੀ ਅਡਿਕਸ਼ਨ ਸੈਂਟਰ ਦਾ ਸਟਾਫ ਹਾਜਰ ਸਨ।

----------------

I/28909/2020

4*ਜ਼ਿਲਾ ਲੋਕ ਸੰਪਰਕ ਦਫਤਰ, ਗੁਰਦਾਸਪੁਰ।

'ਪ੍ਰਧਾਨ ਮੰਤਰੀ ਗਰੀਬ ਕਲਿਆਣ ਯੋਜਨਾ' ਤਹਿਤ ਲਾਭਪਤਾਰੀਆਂ ਨੂੰ ਕਣਕ ਤੇ ਦਾਲ ਦੀ ਵੰਡ ਜਾਰੀ

ਵੱਖ-ਵੱਖ ਏਜੰਸੀਆਂ ਰਾਹੀਂ ਵੰਡ ਪ੍ਰਕਿਰਿਆ ਦੀ ਕੀਤੀ ਜਾ ਰਹੀ ਹੈ ਨਿਗਰਾਨੀ

ਗੁਰਦਾਸਪੁਰ, 29 ਮਈ ( ) ਖੁਰਾਕ ਅਤੇ ਸਿਵਲ ਸਪਲਾਈ ਮੰਤਰੀ ਸ੍ਰੀ ਭਾਰਤ ਭੂਸਣ ਆਸੂ ਦੀ ਅਗਵਾਈ ਹੇਠ ਖੁਰਾਕ ਅਤੇ ਸਿਵਲ ਸਪਲਾਈ ਵਿਭਾਗ, ਰਾਸਟਰੀ ਖੁਰਾਕ ਸੁਰੱਖਿਆ ਐਕਟ, 2013 ਅਧੀਨ ਰਜਿਸਟਰਡ ਲਾਭਪਾਤਰੀਆਂ ਨੂੰ 'ਪ੍ਰਧਾਨ ਮੰਤਰੀ ਗਰੀਬ ਕਲਿਆਣ ਯੋਜਨਾ' ਤਹਿਤ ਲਾਭ ਪ੍ਰਦਾਨ ਕਰਨ ਲਈ ਪੂਰੀ ਤਨਦੇਹੀ ਨਾਲ ਕੰਮ ਕਰ ਰਿਹਾ ਹੈ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਸ੍ਰੀ ਹਿਮਾਂਸ਼ੂ ਕੱਕੜ ਡੀ.ਐਫ.ਐਸ.ਸੀ ਨੇ ਦੱਸਿਆ ਕਿ ਡਿਪਟੀ ਕਮਿਸ਼ਨਰ ਜਨਾਬ ਮੁਹੰਮਦ ਇਸ਼ਫਾਕ ਦੇ ਦਿਸ਼ਾ-ਨਿਰਦੇਸ਼ਾਂ ਹੇਠ ਇਸ ਸਕੀਮ ਅਨੁਸਾਰ ਸਮਾਰਟ ਰਾਸ਼ਨ ਕਾਰਡ ਧਾਰਕਾਂ ਨੂੰ 15 ਕਿਲੋ ਕਣਕ ਪ੍ਰਤੀ ਜੀਅ ਅਤੇ 03 ਕਿਲੋ ਦਾਲ ਪ੍ਰਤੀ ਪਰਿਵਾਰ ਦੇ ਹਿਸਾਬ ਨਾਲ 3 ਮਹੀਨੇ ਦਾ ਮੁਫ਼ਤ ਰਾਸ਼ਨ ਦਿੱਤਾ ਜਾ ਰਿਹਾ ਹੈ। ਜਿਲਾ ਗੁਰਦਾਸਪੁਰ ਵਿਚ ਕੁਲ 2 ਲੱਖ 13 ਹਜ਼ਾਰ 171 ਕਾਰਡ ਧਾਰਕਾਂ ਦੇ ਕੁਲ 8 ਲੱਖ 44 ਹਜ਼ਾਰ 667 ਜੀਆਂ ਨੂੰ ਕਣਕ ਅਤੇ ਦਾਲ ਦੀ ਵੰਡ ਕੀਤੀ ਜਾਣੀ ਹੈ। ਉਨਾਂ ਦੱਸਿਆ ਕਿ ਇਸ ਸਕੀਮ ਦੇ ਤਹਿਤ ਹੁਣ ਤਕ ਜਿਲਾ ਗੁਰਦਾਸਪੁਰ ਵਿਚ 1 ਲੱਖ 74 ਹਜ਼ਾਰ 332 ਰਾਸ਼ਨ ਕਾਰਡ ਧਾਰਕਾਂ ਦੇ 672538 ਜੀਆਂ ਨੂੰ ਕੁਲ 10088 ਮੀਟਰਕ ਟਨ ਕਣਕ ਅਤੇ 522 ਮੀਟਰਕ ਟਨ ਦਾਲ ਦੀ ਵੰਡ ਕੀਤੀ ਜਾ ਚੁੱਕੀ ਹੈ।

ਉਨਾਂ ਅੱਗੇ ਦੱਸਿਆ ਕਿ ਵੱਖ-ਵੱਖ ਏਜੰਸੀਆਂ ਰਾਹੀਂ ਵੰਡ ਪ੍ਰਕਿਰਿਆ ਦੀ ਬਾਕਾਇਦਾ ਨਿਗਰਾਨੀ ਕੀਤੀ ਜਾ ਰਹੀ ਹੈ ਤਾਂ ਜੋ ਰਾਸ਼ਨ ਦੀ ਸਹੀ ਵੰਡ ਹੋ ਸਕੇ। ਡਿਪੂ ਧਾਰਕਾਂ ਦੀ ਗੁਣਾਤਮਕ ਅਤੇ ਮਾਤਰਾ ਸਬੰਧੀ ਜਾਂਚ ਨੂੰ ਕਿਸੇ ਵੀ ਗਲਤ ਵਿਵਹਾਰ ਪ੍ਰਤੀ ਜੀਰੋ ਸ਼ਹਿਣਸੀਲਤਾ ਨਾਲ ਯਕੀਨੀ ਬਣਾਇਆ ਗਿਆ। ਸਿਰਫ ਇਹ ਹੀ ਨਹੀਂ, ਬਲਕਿ ਖੁਰਾਕ ਅਤੇ ਸਿਵਲ ਸਪਲਾਈ ਦੀਆਂ ਟੀਮਾਂ ਰਾਸ਼ਨ ਵੰਡਣ ਸਮੇਂ ਸਮਾਜਿਕ ਦੂਰੀਆਂ ਦੇ ਨਿਯਮਾਂ ਦੀ ਪਾਲਣਾ ਨੂੰ ਯਕੀਨੀ ਬਣਾ ਰਹੀਆਂ ਹਨ ਅਤੇ ਆਮ ਲੋਕਾਂ ਨੂੰ ਮਾਸਕ ਪਹਿਨਣ ਅਤੇ ਸਾਰੀਆਂ ਸਾਵਧਾਨੀਆਂ ਦੀ ਵਰਤੋਂ ਕਰਨ ਲਈ ਉਤਸ਼ਾਹਿਤ ਕਰ ਰਹੀਆਂ ਹਨ।

--------------

1/28986/2020

ਜ਼ਿਲਾ ਲੋਕ ਸੰਪਰਕ ਦਫਤਰ, ਗੁਰਦਾਸਪੁਰ।

ਜਿਲੇ ਅੰਦਰ 03 ਵਿਅਕਤੀਆਂ ਦੀ ਰਿਪੋਰਟ ਆਈ ਪੋਜ਼ਟਿਵ-ਜ਼ਿਲੇ ਅੰਦਰ ਕੁਲ 11 ਐਕਟਿਵ ਕੋਰੋਨਾ ਪੀੜਤ ਮਰੀਜ਼

ਗੁਰਦਾਸਪੁਰ, 29 ਮਈ ( ) ਡਾ. ਕਿਸ਼ਨ ਚੰਦ ਸਿਵਲ ਸਰਜਨ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਜ਼ਿਲੇ ਅੰਦਰ ਕੋਰੋਨਾ ਵਾਇਰਸ ਬਿਮਾਰੀ ਦੇ 03 ਵਿਅਕਤੀਆਂ ਦੀ ਰਿਪੋਰਟ ਪੋਜਟਿਵ ਆਉਣ ਨਾਲ ਜ਼ਿਲੇ ਅੰਦਰ ਪੋਜ਼ਟਿਵ ਕੇਸਾਂ ਦੀ ਕੁਲ ਗਿਣਤੀ 11 ਹੋ ਗਈ ਹੈ।

ਸਿਵਲ ਸਰਜਨ ਨੇ ਦੱਸਿਆ ਕਿ ਤਿੰਨਾਂ ਵਿਅਕਤੀਆਂ ਵਿਚੋਂ 02 ਵਿਅਕਤੀ ਪਿੰਡ ਖੁਸ਼ਹਾਲਪੁਰ ਦੇ ਹਨ, ਬੀਤੇ ਦਿਨੀਂ ਮੱਧ ਪ੍ਰਦੇਸ਼ ਸੂਬੇ ਵਿਚੋਂ ਆਏ ਸਨ ਅਤੇ 01 ਵਿਅਕਤੀ ਪਿੰਡ ਤਲਵੰਡੀ, ਗੁਜਰਾਤ ਸੂਬੇ ਵਿਚੋਂ ਆਇਆ ਸੀ। ਉਨਾਂ ਦੱਸਿਆ ਕਿ ਇਨਾਂ ਵਿਚ ਕੋਰੋਨਾ ਵਾਇ੍ਰਸ ਦੇ ਨਿਰਧਾਰਿਤ ਲੱਛਣ ਨਹੀਂ ਹਨ। ਇਨਾਂ ਨੂੰ ਕਮਿਊਨਿਟੀ ਹੈਲਥ ਸੈਂਟਰ, ਧਾਰੀਵਾਲ ਵਿਖੇ ਰੱਖਿਆ ਗਿਆ ਹੈ।

ਉਨ•ਾਂ ਨੇ ਅੱਗੇ ਦੱਸਿਆ ਕਿ ਜ਼ਿਲ•ੇ ਅੰਦਰ 139 ਕੋਰੋਨਾ ਪੀੜਤਾਂ ਵਿਚੋਂ 03 ਵਿਅਕਤੀਆਂ ਦੀ ਮੋਤ ਹੋ ਚੁੱਕੀ ਹੈ। 125 ਘਰਾਂ ਨੂੰ ਭੇਜੇ ਗਏ ਹਨ (119 ਠੀਕ ਹੋਏ ਹਨ, 06 ਘਰਾਂ ਅੰਦਰ ਏਕਾਂਤਵਾਸ ਕੀਤੇ ਗਏ ਹਨ)। 05 ਪੀੜਤ ਧਾਰੀਵਾਲ ਅਤੇ 06 ਪੀੜਤ ਬਟਾਲਾ ਵਿਖੇ ਰੱਖੇ ਗਏ ਗਨ।

ਸਿਵਲ ਸਰਜਨ ਨੇ ਅੱਗੇ ਦੱਸਿਆ ਕਿ ਜੇਲ ਅੰਦਰ 3146 ਸ਼ੱਕੀ ਮਰੀਜਾਂ ਵਿਚੋਂ 2866 ਮਰੀਜਾਂ ਦੀ ਰਿਪੋਰਟ ਨੈਗਟਿਵ ਆਈ ਹੈ, 136 ਕੋਰੋਨਾ ਪੀੜਤ, 337 ਪੈਂਡਿਗ ਅਤੇ 04 ਸੈਂਪਲ ਰਿਜੈਕਟ ਹੋਏ ਹਨ।

ਸਿਵਲ ਸਰਜਨ ਨੇ ਜਿਲਾ ਵਾਸੀਆਂ ਨੂੰ ਅਪੀਲ ਕਰਦਿਆਂ ਕਿਹਾ ਕਿ ਉਹ ਕੋਰੋਨਾ ਵਾਇ੍ਰਸ ਤੋਂ ਬਚਣ ਲਈ ਸਿਹਤ ਵਿਭਾਗ ਵਲੋਂ ਜਾਰੀ ਹਦਾਇਤਾਂ ਦੀ ਲਾਜ਼ਮੀ ਤੋਰ 'ਤੇ ਪਾਲਣਾ ਕਰਨ ਨੂੰ ਯਕੀਨੀ ਬਣਾਉਣ। ਉਨਾਂ ਅੱਗੇ ਕਿਹਾ ਕਿ ਕੋਰੋਨਾ ਵਾਇਰਸ ਤੋਂ ਬਚਣ ਲਈ ਲੋਕ ਮਾਸਕ ਜਰੂਰ ਤੌਰ 'ਤੇ ਪਹਿਨਣ ਅਤੇ ਸ਼ੋਸਲ ਡਿਸਟੈਂਸ ਮੈਨਟੇਨ ਕਰਕੇ ਰੱਖਿਆ ਜਾਵੇ। ਉਨਾਂ ਕਿਹਾ ਕਿ ਬਿਨਾਂ ਕੰਮ ਤੋਂ ਘਰਾਂ ਵਿਚੋਂ ਬਾਹਰ ਨਾ ਨਿਕਲਿਆ ਜਾਵੇ ਅਤੇ ਜਰੂਰੀ ਕੰਮ ਹੋਣ ਕਰਕੇ ਹੀ ਬਾਹਰ ਨਿਕਲਿਆ ਜਾਵੇ ਅਤੇ ਇਸ ਦੌਰਾਨ ਮਾਸਕ ਪਹਿਨਣ ਨੂੰ ਲਾਜ਼ਮੀ ਬਣਾਇਆ ਜਾਵੇ। ਉਨਾਂ ਕਿਹਾ ਕਿ ਸਿਹਤ ਵਿਭਾਗ ਵਲੋਂ ਲੋਕ ਹਿੱਤ ਲਈ ਜਾਰੀ ਕੀਤੀਆਂ ਗਈਆਂ ਹਦਾਇਤਾਂ ਦੀ ਪਾਲਣਾ ਕਰਨਾ ਨੂੰ ਯਕੀਨੀ ਬਣਾਇਆ ਜਾਵੇ।

------------------

I/29021/2020

ਜਿਲਾ ਲੋਕ ਸੰਪਰਕ ਦਫਤਰ, ਗੁਰਦਾਸਪੁਰ।

ਸਿੱਖਿਆ ਵਿਭਾਗ ਵੱਲੋਂ ਦੂਰਦਰਸ਼ਨ ਅਤੇ ਡੀ.ਡੀ.ਪੰਜਾਬੀ ਤੇ ਕਰਵਾਈ ਜਾ ਰਹੀ ਆਨਲਾਈਨ ਪੜਾਈ ਸਬੰਧੀ ਅਧਿਆਪਕ ਸਾਰੇ ਵਿਦਿਆਰਥੀਆਂ ਨੂੰ ਜਾਗਰੂਕ ਕਰਨ- ਹਰਦੀਪ ਸਿੰਘ ਜਿਲਾ ਸਿਖਿਆ ਅਫਸਰ (ਸ)

ਐਕਟੀਵਿਟੀਜ਼ ਸਕੂਲ ਸਿਖਿਆ ਪੰਜਾਬ ਫੇਸਬੁੱਕ ਪੇਜ ਨੂੰ ਵੱਧ ਤੋਂ ਵੱਧ ਲਾਈਕ ਅਤੇ ਸ਼ੇਅਰ ਕੀਤਾ ਜਾਵੇ

ਸਿੱਖਿਆ ਵਿਭਾਗ ਪੰਜਾਬ ਦੁਆਰਾ ਕਰਵਾਈ ਜਾ ਰਹੀ ਆਨਲਾਈਨ ਪੜਾਈ ਕਾਰਨ ਸਰਕਾਰੀ ਸਕੂਲਾਂ ਪ੍ਰਤੀ ਲੋਕਾਂ ਦਾ ਉਤਸ਼ਾਹ ਵਧਿਆ

ਗੁਰਦਾਸਪੁਰ, 29 ਮਈ (                ) ਕੋਰੋਨਾ ਵਾਇਰਸ ਕਾਰਨ ਭਾਰਤ ਸਰਕਾਰ ਦੀਆਂ ਹਦਾਇਤਾਂ ਅਨੁਸਾਰ ਪੰਜਾਬ ਸਰਕਾਰ ਵੱਲੋਂ ਲਗਾਏ ਗਏ ਕਰਫਿਊ ਅਤੇ ਲਾਕਡਾਊਨ ਕਾਰਨ ਵਿਦਿਆਰਥੀਆਂ ਦੀ ਸਿਹਤ ਨੂੰ ਮੁੱਖ ਰੱਖਦੇ ਹੋਏ ਪੰਜਾਬ ਦੀਆਂ ਸਾਰੀਆਂ ਵਿਦਿਅਕ ਸੰਸਥਾਵਾਂ ਵੀ ਬੰਦ ਕਰ ਦਿੱਤੀਆਂ ਸਨ ਪੰ੍ਰਤੂ ਸਰਕਾਰੀ ਸਕੂਲਾਂ ਵਿੱਚ ਪੜ ਰਹੇ ਵਿਦਿਆਰਥੀਆਂ ਦੇ ਭਵਿੱਖ ਨੂੰ ਮੁੱਖ ਰੱਖਦੇ ਹੋਏ ਸਕੱਤਰ ਸਕੂਲ ਸਿਖਿਆ ਪੰਜਾਬ ਸ੍ਰੀ ਕ੍ਰਿਸ਼ਨ ਕੁਮਾਰ ਦੀਆਂ ਹਦਾਇਤਾਂ ਅਨੁਸਾਰ ਸਿਖਿਆ ਵਿਭਾਗ ਪੰਜਾਬ ਵੱਲੋਂ ਸਮੂਹ ਸਰਕਾਰੀ ਸਕੂਲਾਂ ਵਿੱਚ ਸਕੂਲ ਮੁੱਖੀਆਂ ਅਤੇ ਵਿਸ਼ਾ ਅਧਿਆਪਕਾਂ ਦੇ ਸਹਿਯੋਗ ਨਾਲ ਆਨਲਾਈਨ ਪੜਾਈ ਕਰਵਾਈ ਜਾ ਰਹੀ ਹੈ ਜਿਸ ਕਾਰਨ ਲੋਕਾਂ ਦਾ ਸਰਕਾਰੀ ਸਕੂਲਾਂ ਪ੍ਰਤੀ ਉਤਸ਼ਾਹ ਕਾਫੀ ਵਧਿਆ ਹੈ।

ਇਸ ਬਾਰੇ ਜਾਣਕਾਰੀ ਦਿੰਦੇ ਹੋਏ ਸ: ਹਰਦੀਪ ਸਿੰਘ ਜਿਲ•ਾ ਸਿਖਿਆ ਅਫਸਰ( ਸੈ:ਸਿ:) ਗੁਰਦਾਸਪੁਰ  ਨੇ ਦੱਸਿਆ ਕਿ ਸਿਖਿਆ ਵਿਭਾਗ ਵੱਲੋਂ ਕੀਤੇ ਜਾ ਰਹੇ ਆਨਲਾਈਨ ਪੜਾਈ ਸਬੰਧੀ ਵਿਸ਼ੇਸ਼ ਉਪਰਾਲੇ ਪ੍ਰਤੀ ਲੋਕਾਂ ਦੇ ਉਤਸ਼ਾਹ ਨੂੰ ਵੇਖਦੇ ਹੋਏ ਸਿਖਿਆ ਵਿਭਾਗ ਵੱਲੋਂ ਹੁਣ ਦੂਰਦਰਸ਼ਨ ਅਤੇ ਡੀ.ਡੀ.ਪੰਜਾਬੀ ਚੈਨਲ ਤੋਂ ਵਿਸ਼ਾ ਮਾਹਿਰ ਅਧਿਆਪਕਾਂ ਦੁਆਰਾ ਆਨਲਾਈਨ ਪੜਾਈ  ਸ਼ੁਰੂ ਕੀਤੀ ਗਈ ਹੈ ਤਾਂ ਜੋ ਕੋਵਿਡ ਕਾਰਨ ਘਰਾਂ ਵਿੱਚ ਬੈਠੇ ਹੋਏ ਵਿਦਿਆਰਥੀਆਂ ਦੀ ਪੜਾਈ ਦਾ ਕੋਈ ਨੁਕਸਾਨ ਨਾ ਹੋਵੇ ਇਸ ਲਈ ਸਮੂਹ ਅਧਿਆਪਕ ਸਿਖਿਆ ਵਿਭਾਗ ਪੰਜਾਬ ਵੱਲੋਂ ਇਹਨਾਂ ਚੈਨਲਾਂ ਰਾਂਹੀ ਕਰਵਾਈ ਜਾ ਰਹੀ ਆਨਲਾਈਨ ਪੜਾਈ ਸਬੰਧੀ ਸਾਰੇ ਵਿਦਿਆਰਥੀਆਂ ਅਤੇ ਮਾਪਿਆਂ ਨੂੰ ਜਾਗਰੂਕ ਕਰਨ।

ਉਹਨਾਂ ਦੱਸਿਆ ਕਿ ਸਰਕਾਰੀ ਸਕੂਲਾਂ ਵਿੱਚ ਅਧਿਆਪਕਾਂ ਅਤੇ ਵਿਦਿਆਰਥੀਆਂ ਵੱਲੋਂ ਕਰਵਾਈਆਂ ਜਾ ਰਹੀਆਂ ਵਿਦਿਅਕ ਅਤੇ ਹੋਰ ਬਿਹਤਰੀਨ ਗਤੀਵਿਧੀਆਂ ਸਬੰਧੀ ਜਾਣਕਾਰੀ ਦੇਣ ਲਈ ਸਿਖਿਆ ਵਿਭਾਗ ਵੱਲੋਂ ਐਕਟੀਵਿਟੀਜ਼ ਸਕੂਲ ਸਿਖਿਆ ਪੰਜਾਬ ਫੇਸ ਬੁੱਕ ਪੇਜ਼ ਸ਼ੁਰੂ ਕੀਤਾ ਗਿਆ ਹੈ ਇਸ ਲਈ ਸਮੂਹ ਅਧਿਆਪਕ ਇਸ ਫੇਸਬੁੱਕ ਪੇਜ਼ ਨੂੰ ਖੁਦ ਲਾਈਕ ਅਤੇ ਸ਼ੇਅਰ ਕਰਨ ਦੇ ਨਾਲ ਨਾਲ ਵਿਦਿਆਰਥੀਆਂ, ਆਪਣੇ ਰਿਸ਼ਤੇਦਾਰਾਂ, ਦੋਸਤਾਂ ਅਤੇ  ਪਤਵੰਤੇ ਸੱਜਣਾਂ ਨੂੰ ਵੀ ਇਸ ਫੇਸਬੁੱਕ ਪੇਜ਼ ਨੂੰ ਲਾਈਕ ਕਰਨ ਲਈ ਪ੍ਰੇਰਿਤ ਕਰਨ ਤਾਂ ਜੋ ਸਿਖਿਆ ਵਿਭਾਗ ਵੱਲੋਂ ਸਿਖਿਆ ਦਾ ਮਿਆਰ ਉੱਚਾ ਚੁੱਕਣ ਲਈ ਕੀਤੇ ਜਾ ਰਹੇ ਵਿਸ਼ੇਸ਼ ਉਪਰਾਲਿਆਂ ਅਤੇ ਇਸ ਸਬੰਧੀ ਵਧੀਆ ਕਾਰਗੁਜਾਰੀ ਕਰਨ ਵਾਲੇ ਸਰਕਾਰੀ ਸਕੂਲਾਂ ਦੀ ਜਾਣਕਾਰੀ ਆਮ ਲੋਕਾਂ ਤੱਕ ਵੀ ਪਹੁੰਚਾਈ ਜਾ ਸਕੇ।

ਜਿਲਾ ਸਿਖਿਆ ਅਫਸਰ ਨੇ ਇਸ ਮੌਕੇ ਸਮੂਹ ਸਕੂਲ ਮੁੱਖੀਆਂ ਨੂੰ ਅਪੀਲ ਕੀਤੀ ਕਿ ਸਰਕਾਰੀ ਸਕੂਲਾਂ ਵਿੱਚ ਵਿਦਿਆਰਥੀਆਂ ਦਾ ਦਾਖਲਾ ਵਧਾਉਣ ਲਈ ਸਮਾਜਿਕ ਭਾਈਚਾਰੇ ਦਾ ਸਹਿਯੋਗ ਲਿਆ ਜਾਵੇ ਅਤੇ ਲੋਕਾਂ ਨੂੰ ਸਿਖਿਆ ਵਿਭਾਗ ਪੰਜਾਬ ਵੱਲੋਂ ਸਰਕਾਰੀ ਸਕੂਲਾਂ ਦੇ ਵਿਦਿਆਰਥੀਆਂ ਨੂੰ ਦਿੱਤੀਆਂ ਜਾ ਰਹੀਆਂ ਸਹੂਲਤਾਂ ਅਤੇ ਸਿਖਿਆ ਦਾ ਮਿਆਰ ਉਚਾ ਚੁੱਕਣ ਲਈ ਕਰਵਾਈਆਂ ਜਾ ਰਹੀਆਂ ਗਤੀਵਿਧੀਆਂ ਬਾਰੇ ਜਾਗਰੂਕ ਕੀਤਾ ਜਾਵੇ।